ਕਾਨੜਾ ਮਹਲਾ ੫ ॥ ਹੀਏ ਕੋ ਪ੍ਰੀਤਮੁ ਬਿਸਰਿ ਨ ਜਾਇ ॥ ਤਨ ਮਨ ਗਲਤ ਭਏ ਤਿਹ ਸੰਗੇ ਮੋਹਨੀ ਮੋਹਿ ਰਹੀ ਮੋਰੀ ਮਾਇ ॥੧॥ ਰਹਾਉ ॥ ਜੈ ਜੈ ਪਹਿ ਕਹਉ ਬ੍ਰਿਥਾ ਹਉ ਅਪੁਨੀ ਤੇਊ ਤੇਊ ਗਹੇ ਰਹੇ ਅਟਕਾਇ ॥ ਅਨਿਕ ਭਾਂਤਿ ਕੀ ਏਕੈ ਜਾਲੀ ਤਾ ਕੀ ਗੰਠਿ ਨਹੀ ਛੋਰਾਇ ॥੧॥ ਫਿਰਤ ਫਿਰਤ ਨਾਨਕ ਦਾਸੁ ਆਇਓ ਸੰਤਨ ਹੀ ਸਰਨਾਇ ॥ ਕਾਟੇ ਅਗਿਆਨ ਭਰਮ ਮੋਹ ਮਾਇਆ ਲੀਓ ਕੰਠਿ ਲਗਾਇ ॥੨॥੪॥੨੩॥ {ਪੰਨਾ 1302}

ਪਦ ਅਰਥ:- ਕੋ—ਦਾ। ਹੀਏ ਕੋ—ਹਿਰਦੇ ਦਾ। ਗਲਤ—ਗ਼ਲਤਾਨ, ਮਸਤ, ਗ਼ਰਕ। ਤਿਹ ਸੰਗੇ—ਉਸ (ਮੋਹਨੀ ਦੇ) ਨਾਲ ਹੀ। ਮੋਹਨੀ—ਮਨ ਨੂੰ ਮੋਹ ਲੈਣ ਵਾਲੀ ਮਾਇਆ। ਮੇਰੀ ਮਾਇ—ਹੇ ਮੇਰੀ ਮਾਂ!।1। ਰਹਾਉ।

ਜੈ ਜੈ ਪਹਿ—ਜਿਨ੍ਹਾਂ ਜਿਨ੍ਹਾਂ (ਮਨੁੱਖਾਂ) ਦੇ ਕੋਲ। ਕਹਉ—ਕਹਉਂ, ਮੈਂ ਆਖਦਾ ਹਾਂ। ਬ੍ਰਿਥਾ—ਤਕਲਫ਼ਿ, ਔਖਿਆਈ। ਹਉ—ਹਉਂ, ਮੈਂ। ਗਹੇ—ਫੜੇ ਹੋਏ। ਰਹੇ ਅਟਕਾਇ—ਜੀਵਨ-ਪੰਧ ਵਿਚ ਰੁਕੇ ਪਏ ਹਨ। ਜਾਲੀ—ਫਾਹੀ। ਗੰਠਿ—ਗੰਢ। ਨਹੀ ਛੋਰਾਇ—ਕੋਈ ਛੁੜਾ ਨਹੀਂ ਸਕਦਾ।1।

ਅਗਿਆਨ—(ਆਤਮਕ ਜੀਵਨ ਵਲੋਂ) ਬੇ-ਸਮਝੀ। ਭਰਮ—ਭਟਕਣਾ। ਕੰਠਿ—ਗਲ ਨਾਲ।2।

ਅਰਥ:- ਹੇ ਮੇਰੀ ਮਾਂ! (ਮੈਂ ਤਾਂ ਸਦਾ ਇਹੀ ਅਰਦਾਸ ਕਰਦਾ ਹਾਂ ਕਿ ਮੇਰੇ) ਦਿਲ ਦਾ ਜਾਨੀ ਪ੍ਰਭੂ (ਮੈਨੂੰ ਕਦੇ ਭੀ) ਨਾਹ ਭੁੱਲੇ। (ਉਸ ਨੂੰ ਭੁਲਾਇਆਂ) ਮਨ ਨੂੰ ਮੋਹਣ ਵਾਲੀ ਮਾਇਆ ਆਪਣੇ ਮੋਹ ਵਿਚ ਫਸਾਣ ਲੱਗ ਪੈਂਦੀ ਹੈ, ਸਰੀਰ ਅਤੇ ਮਨ (ਦੋਵੇਂ ਹੀ) ਉਸ (ਮੋਹਨੀ) ਦੇ ਨਾਲ ਹੀ ਮਸਤ ਰਹਿੰਦੇ ਹਨ।1। ਰਹਾਉ।

ਹੇ ਮਾਂ! ਜਿਨ੍ਹਾਂ ਜਿਨ੍ਹਾਂ ਪਾਸ ਮੈਂ ਆਪਣੀ ਇਹ ਔਖਿਆਈ ਦੱਸਦਾ ਹਾਂ, ਉਹ ਭੀ ਸਾਰੇ (ਇਸ ਮੋਹਨੀ ਦੇ ਪੰਜੇ ਵਿਚ) ਫਸੇ ਪਏ ਹਨ ਅਤੇ (ਜੀਵਨ-ਪੰਧ ਵਿਚ) ਰੁਕੇ ਹੋਏ ਹਨ। (ਇਹ ਮੋਹਨੀ) ਅਨੇਕਾਂ ਹੀ ਰੂਪਾਂ ਦੀ ਇਕੋ ਹੀ ਜਾਲੀ ਹੈ, ਇਸ ਦੀ (ਪਈ ਹੋਈ) ਗੰਢ ਨੂੰ ਕੋਈ ਭੀ ਛੁੜਾ ਨਹੀਂ ਸਕਦਾ।1।

ਹੇ ਨਾਨਕ! (ਆਖ—ਹੇ ਭਾਈ! ਅਨੇਕਾਂ ਜੂਨਾਂ ਵਿਚ) ਭਟਕਦਾ ਭਟਕਦਾ ਜਿਹੜਾ (ਮਨੁੱਖ ਸੰਤ ਜਨਾਂ ਦਾ) ਦਾਸ (ਬਣ ਕੇ) ਸੰਤ ਜਨਾਂ ਦੀ ਸਰਨ ਆਉਂਦਾ ਹੈ, (ਉਸ ਦੇ ਅੰਦਰੋਂ) ਆਤਮਕ ਜੀਵਨ ਵਲੋਂ ਬੇ-ਸਮਝੀ, ਭਟਕਣਾ ਅਤੇ ਮਾਇਆ ਦੇ ਮੋਹ (ਦੀਆਂ ਗੰਢਾਂ) ਕੱਟੀਆਂ ਜਾਂਦੀਆਂ ਹਨ, (ਪ੍ਰਭੂ ਜੀ) ਉਸ ਨੂੰ ਆਪਣੇ ਗਲ ਨਾਲ ਲਾ ਲੈਂਦੇ ਹਨ।2।4। 23।